# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ:25-01-2026**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ-ਦੇਸ਼ ਵਾਸੀਆਂ, ਖਾਸ ਕਰਕੇ ਸਨਅੱਤ ਅਤੇ ਸਟਾਰਟਅੱਪ ਉੱਦਮਾਂ ਵਿੱਚ ਲੱਗੇ ਨੌਜਵਾਨਾਂ ਨੂੰ ਗੁਣਵੱਤਾ 'ਤੇ ਜ਼ੋਰ ਦੇਣ ਦੀ ਕੀਤੀ ਅਪੀਲ ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ 77ਵੇਂ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਹੁਣ ਤੋਂ ਥੋੜੀ ਦੇਰ ਬਾਅਦ ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਅੱਜ 16ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ, ਪੰਜਾਬ ਭਰ ਵਿਚ ਵੱਖ-ਵੱਖ ਵੋਟਰ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ I
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਸਲੇਰਨ ਈਕੋ ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ ।

- ਕੇਂਦਰੀ ਗ੍ਰਹਿ ਮੰਤਰਾਲੇ ਵਲੋਂ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਹੋਣ ਵਾਲੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਵਾਂ ਦਾ ਐਲਾਨ।
- ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਅੱਜ ਅੰਮ੍ਰਿਤਸਰ ਦੀ ਅਟਾਰੀ ਸਰਹੱਦ 'ਤੇ, Fit India Sundays on Cycle ਦਾ ਆਯੋਜਨ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਵਾਸੀਆਂ, ਖਾਸ ਕਰਕੇ ਸਨਅੱਤ ਅਤੇ ਸਟਾਰਟਅੱਪ ਉੱਦਮਾਂ ਵਿੱਚ ਲੱਗੇ ਨੌਜਵਾਨਾਂ ਨੂੰ ਗੁਣਵੱਤਾ 'ਤੇ ਜ਼ੋਰ ਦੇਣ ਦੀ ਅਪੀਲ ਕੀਤੀ ਏ। ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿਚ ਦੇਸ਼ ਵੇਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਅਰਥ-ਵਿਵਸਥਾ ਤੇਜ਼ੀ ਨਾਲ ਵਧ ਰਹੀ ਏ ਅਤੇ ਪੂਰੀ ਦੁਨੀਆ ਭਾਰਤ ਵਲ ਦੇਖ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਦਸ ਸਾਲ ਪਹਿਲਾਂ, ਜਨਵਰੀ 2016 ਵਿੱਚ, ਭਾਰਤ ਨੇ ਸਟਾਰਟਅੱਪ ਇੰਡੀਆ ਦੀ ਸ਼ੁਰੂਆਤ ਨਾਲ ਇਸ ਆਸਵੰਦ ਯਾਤਰਾ ਦੀ ਸ਼ੁਰੂਆਤ ਕੀਤੀ ਸੀ। ਉਨ੍ਹਾਂ ਕਿਹਾ ਕਿ ਅੱਜ, ਭਾਰਤ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਈਕੋਸਿਸਟਮ ਵਾਲਾ ਦੇਸ਼ ਬਣ ਗਿਆ ਏ।

ਰਾਸ਼ਟਰੀ ਵੋਟਰ ਦਿਵਸ 'ਤੇ, ਸ਼੍ਰੀ ਮੋਦੀ ਨੇ ਨੌਜਵਾਨਾਂ ਨੂੰ 18 ਸਾਲ ਦੇ ਹੋਣ 'ਤੇ ਵੋਟਰ ਵਜੋਂ ਰਜਿਸਟਰ ਹੋਣ ਦੀ ਅਪੀਲ ਕੀਤੀ । BYTE: ਕੱਲ੍ਹ ਦੇ ਗਣਤੰਤਰ ਦਿਵਸ ਸਮਾਰੋਹ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦਿਨ ਸੰਵਿਧਾਨ ਦੇ ਸੰਸਥਾਪਕਾਂ ਪ੍ਰਤੀ ਧੰਨਵਾਦ ਪ੍ਰਗਟ ਕਰਨ ਦਾ ਮੌਕਾ ਪ੍ਰਦਾਨ ਕਰਦਾ ਏ । BYTE: ਪ੍ਰਧਾਨ ਮੰਤਰੀ ਨੇ ਕਿਹਾ ਕਿ ਜੰਮੂ-ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਸ਼ੇਖਗੁੰਡ ਪਿੰਡ ਦੇ ਮੀਰ ਜਾਫ਼ਰ ਨੇ ਪਿੰਡ ਦੇ ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ, ਸਾਰਿਆਂ ਨੂੰ ਨਸ਼ਿਆਂ, ਤੰਬਾਕੂ, ਸਿਗਰਟ ਅਤੇ ਸ਼ਰਾਬ ਵਿਰੁੱਧ ਇੱਕਜੁੱਟ ਕੀਤਾ ਏ । ਸ਼੍ਰੀ ਮੋਦੀ ਨੇ ਕਿਹਾ ਕਿ ''ਏਕ ਪੇੜ ਮਾਂ ਕੇ ਨਾਮ'' ਮੁਹਿੰਮ ਦੇ ਤਹਿਤ, ਦੇਸ਼ ਭਰ ਵਿੱਚ ਹੁਣ ਤੱਕ 200 ਕਰੋੜ ਤੋਂ ਵੱਧ ਰੁੱਖ ਲਗਾਏ ਜਾ ਚੁੱਕੇ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਅਗਲੇ ਮਹੀਨੇ ਹੋਣ ਵਾਲੀ ਇੰਡੀਆ ਏਆਈ ਇਮਪੈਕਟ ਕਾਨਫਰੰਸ, ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਖੇਤਰ ਵਿੱਚ ਭਾਰਤ ਦੀ ਪ੍ਰਗਤੀ ਅਤੇ ਪ੍ਰਾਪਤੀਆਂ ਨੂੰ ਪ੍ਰਦਰਸ਼ਿਤ ਕਰੇਗੀ।

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ 77ਵੇਂ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ। ਇਹ ਸੰਬੋਧਨ ਆਕਾਸ਼ਵਾਣੀ ਦੇ ਸਾਰੇ ਰਾਸ਼ਟਰੀ ਚੈਨਲਾਂ 'ਤੇ ਸ਼ਾਮ 7 ਵਜੇ ਤੋਂ ਪ੍ਰਸਾਰਿਤ ਕੀਤਾ

ਜਾਵੇਗਾ ਅਤੇ ਦੂਰਦਰਸ਼ਨ ਦੇ ਸਾਰੇ ਚੈਨਲਾਂ 'ਤੇ ਹਿੰਦੀ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਇਸਦਾ ਅੰਗਰੇਜ਼ੀ ਰੂਪ ਵੀ ਪ੍ਰਸਾਰਿਤ ਕੀਤਾ ਜਾਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ, ਪ੍ਰਸਾਰਿਤ ਹੋਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ ਆਪਣੇ ਖੇਤਰੀ ਚੈਨਲਾਂ 'ਤੇ ਰਾਤ ਸਾਢੇ 9 ਵਜੇ ਤੋਂ ਖੇਤਰੀ ਭਾਸ਼ਾਵਾਂ ਵਿੱਚ ਸੰਬੋਧਨ ਪ੍ਰਸਾਰਿਤ ਕਰੇਗਾ।

---------------------------------------------------------------------------

ਅੱਜ ਦੇਸ਼ ਭਰ ਵਿੱਚ 16ਵਾਂ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾ ਰਿਹਾ ਏ। ਇਸ ਸਾਲ ਦਾ ਥੀਮ "ਮੇਰਾ ਭਾਰਤ, ਮੇਰੀ ਵੋਟ" ਰੱਖਿਆ ਗਿਆ ਜੋ ਭਾਰਤ ਦੇ ਲੋਕਤੰਤਰ ਵਿੱਚ ਨਾਗਰਿਕਾਂ ਦੀ ਕੇਂਦਰੀ ਭੂਮਿਕਾ ਨੂੰ ਉਜਾਗਰ ਕਰਦਾ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਵੋਟਿੰਗ ਸਿਰਫ਼ ਰਾਜਨੀਤਿਕ ਪ੍ਰਗਟਾਵੇ ਦਾ ਇੱਕ ਰੂਪ ਨਹੀਂ ਬਲਕਿ ਦੇਸ਼ ਦੀ ਲੋਕਤੰਤਰੀ ਚੋਣ ਪ੍ਰਕਿਰਿਆ ਵਿੱਚ ਨਾਗਰਿਕਾਂ ਦੇ ਭਰੋਸੇ ਦਾ ਪ੍ਰਤੀਕ ਏ। ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਵੋਟਰ ਦਿਵਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਵੋਟਿੰਗ ਇੱਕ ਅਜਿਹਾ ਮਾਧਿਅਮ ਏ ਜਿਸ ਰਾਹੀਂ ਨਾਗਰਿਕ ਆਪਣੀਆਂ ਇੱਛਾਵਾਂ ਪ੍ਰਗਟ ਕਰਦੇ ਹਨ। ਰਾਸ਼ਟਰਪਤੀ ਨੇ ਕਿਹਾ ਕਿ ਸਾਰੇ ਨਾਗਰਿਕ

ਆਪਣੀਆਂ ਸੰਵਿਧਾਨਕ ਜ਼ਿੰਮੇਵਾਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। BYTE

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਰਾਸ਼ਟਰੀ ਵੋਟਰ ਦਿਵਸ 'ਤੇ ਦੇਸ਼ਵਾਸੀਆਂ ਨੂੰ ਵਧਾਈ ਦਿੱਤੀ ਏ।

---------------------------------------------------------------------------------

ਅੱਜ ਕੌਮੀ ਵੋਟਰ ਦਿਵਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਮੁਹਾਲੀ ਦੀ ਅਮਿਟੀ ਯੂਨੀਵਰਸਿਟੀ ਵਿਖੇ ਕਰਵਾਇਆ ਗਿਆ। ਜਿਸ ਦੀ ਪ੍ਰਧਾਨਗੀ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅੰਨਦਿਤਾ ਮਿੱਤਰਾ ਨੇ ਕੀਤੀ । ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ IBYTE: ਇਸ ਮੌਕੇ ਪਟਿਆਲਾ ਦੇ ਨੇਤਰਹੀਣ ਬੱਚਿਆਂ ਨੇ ਵੀ ਗੀਤ ਗਾਕੇ ਵੋਟ ਬਣਵਾਉਣ ਤੇ ਵੋਟ ਪਾਉਣ ਦਾ ਸੁਨੇਹਾ ਦਿੱਤਾ । ਇਸ ਮੌਕੇ ਇੱਕ ਪ੍ਰਦਰਸ਼ਨੀ ਵੀ ਲਗਾਈ ਗਈ ਜਿਸ ਵਿੱਚ ਵੋਟ ਬਣਾਉਣ ਤੇ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਚ ਭਾਸ਼ਣ ਮੁਕਾਬਲੇ,ਯੋਗਾ ਦਾ ਪ੍ਰਦਰਸ਼ਨ ਕੀਤਾ ਗਿਆ। ਮੁੱਖ ਚੋਣ ਅਧਿਕਾਰੀ ਨੇ ਵੋਟ ਦੇ ਸੰਦੇਸ਼ ਦੇਣ ਲਈ ਇਕ ਮੋਟਰ ਸਾਇਕਲ ਰੈਲੀ ਨੂੰ ਰਵਾਨਾ ਕੀਤਾ। ਇਸੇ ਤਰਾਂ ਫਤਹਿਗੜ੍ਹ ਸਾਹਿਬ ਅੰਮ੍ਰਿਤਸਰ ਸਮੇਤ ਹੋਰਨਾਂ ਜ਼ਿਲਿਆਂ ਵਿਚ ਵੀ ਪ੍ਰੋਗਰਾਮ ਕਰਵਾਏ ਗਏ ।

---------------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਰਾਸ਼ਟਰੀ ਵੋਟਰ ਦਿਵਸ ਰਾਜ ਪੱਧਰੀ ਵੋਟਰ ਜਾਗਰੂਕਤਾ ਪੈਦਲ ਯਾਤਰਾ ਨਾਲ ਮਨਾਇਆ ਗਿਆ। ਇਹ ਪ੍ਰੋਗਰਾਮ ਯੂਨੀਵਰਸਿਟੀ ਦੀ ਐਨ.ਐਸ.ਐਸ ਇਕਾਈ ਨੇ ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ ਨਿਰਦੇਸ਼ਾਂ ਹੇਠ ਆਯੋਜਿਤ ਕੀਤਾ । ਇਸ ਪ੍ਰੋਗਰਾਮ ਵਿੱਚ 356 ਨੌਜਵਾਨ ਵੋਟਰਾਂ ਨੇ ਹਿੱਸਾ ਲਿਆ। ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੂੰ ਬੈਜ ਦੇ ਕੇ ਸਨਮਾਨਿਤ ਕੀਤਾ ਗਿਆ।

---------------------------------------------------------------------------

ਗਣਤੰਤਰ ਦਿਵਸ ਦੇ ਮੌਕੇ 'ਤੇ ਪੁਲਿਸ, ਫਾਇਰ ਬ੍ਰਿਗੇਡ, ਹੋਮ ਗਾਰਡ ਅਤੇ ਸਿਵਲ ਡਿਫੈਂਸ ਅਤੇ Correctional ਸੇਵਾਵਾਂ ਦੇ 982 ਮੁਲਾਜ਼ਮਾਂ ਨੂੰ ਬਹਾਦਰੀ ਅਤੇ ਸੇਵਾ ਮੈਡਲ ਪ੍ਰਦਾਨ ਕੀਤੇ ਗਏ ਨੇ। ਇਨ੍ਹਾਂ ਵਿੱਚੋਂ, 125 ਮੁਲਾਜ਼ਮਾਂ ਨੂੰ ਬਹਾਦਰੀ ਮੈਡਲ ਨਾਲ ਸਨਮਾਨਿਤ ਕੀਤਾ ਗਿਆ ਏ। ਇਹ ਮੈਡਲ ਜਾਨ ਬਚਾਉਣ, ਜਾਇਦਾਦ ਦੀ ਰੱਖਿਆ ਕਰਨ, ਅਪਰਾਧ ਨੂੰ ਰੋਕਣ ਅਤੇ ਅਪਰਾਧੀਆਂ ਨੂੰ ਫੜਨ ਵਿੱਚ ਅਸਾਧਾਰਨ ਹਿੰਮਤ ਦਿਖਾਉਣ ਲਈ ਦਿੱਤਾ ਜਾਂਦਾ ਏ।

---------------------------------------------------------------------------

ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਕੇਂਦਰੀ ਗ੍ਰਿਹ ਮੰਤਰਾਲੇ ਨੇ ਗਣਤੰਤਰ ਦਿਵਸ ਤੋਂ ਇਕ ਸ਼ਾਮ ਪਹਿਲਾ ਪੰਜਾਬ

ਪੁਲਿਸ ਦੇ ਉਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ, ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਏ.ਡੀ.ਜੀ.ਪੀ ਇਨਵੈਸਟੀਗੇਸ਼ਨ ਵਿਭੂ ਰਾਜ, ਡਾਇਰੈਕਟਰ ਬਿਊਰੋ ਆਫ਼ ਇਨਵੈਸਟੀਗੇਸ਼ਨ ਐਲ.ਕੇ ਯਾਦਵ ਅਤੇ ਏ.ਡੀ.ਜੀ.ਪੀ ਜੇਲ੍ਹਾਂ ਅਰੁਣ ਪਾਲ ਸਿੰਘ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ ਡੀ.ਆਈ.ਜੀ ਸੁਰੱਖਿਆ ਰਾਜ ਭਵਨ ਜਸਦੇਵ ਸਿੰਘ ਸਿੱਧੂ ਅਤੇ ਪੰਜ ਪੀ.ਪੀ.ਐਸ ਅਧਿਕਾਰੀਆਂ ਸਮੇਤ 15 ਅਧਿਕਾਰੀਆਂ ਨੂੰ ਬੇਮਿਸਾਲ ਸੇਵਾ ਲਈ ਮੈਡਲ ਵਾਸਤੇ ਚੁਣਿਆ ਗਿਆ ਏ।ਐਵਾਰਡ ਜੇਤੂਆਂ ਨੂੰ ਵਧਾਈ ਦਿੰਦਿਆਂ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਸਮੁੱਚੇ ਪੰਜਾਬ ਪੁਲਿਸ ਬਲ ਦਾ ਮਨੋਬਲ ਵਧਾਉਣ ਲਈ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ।

---

ਪੰਜਾਬ ਪੁਲਿਸ ਦੇ 24 ਅਧਿਕਾਰੀਆਂ ਨੂੰ ਗਣਤੰਤਰ ਦਿਵਸ ਦੇ ਮੌਕੇ 'ਤੇ ਮੁੱਖ ਮੰਤਰੀ ਰਕਸ਼ਕ ਪਦਕ ਅਤੇ ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਨਾ ਅਧਿਕਾਰੀਆਂ ਨੂੰ ਵਧਾਈ

ਦਿਤੀ । ਉਨ੍ਹਾਂ ਦਸਿਆ ਕਿ , DSP ਹਰਵਿੰਦਰ ਸਿੰਘ, ਇੰਸਪੈਕਟਰ ਨਿਰਮਲ ਸਿੰਘ, ASI ਬਲਬੀਰ ਚੰਦ, ਹੈਡ ਕਾਂਸਟੇਬਲ ਸੁਖਮਨਪ੍ਰੀਤ ਸਿੰਘ, ਸੀਨੀਅਰ ਕਾਂਸਟੇਬਲ ਧਰਮਪਾਲ ਸਿੰਘ ਨੂੰ ਮੁੱਖ ਮੰਤਰੀ ਰਕਸ਼ਕ ਪਦਕ, ਜਦਕਿ AIG ਬਲਜੀਤ ਸਿੰਘ, SP ਮਨਵਿੰਦਰ ਬੀਰ ਸਿੰਘ, SP ਦਵਿੰਦਰ ਕੁਮਾਰ, DSP ਦਲਜੀਤ ਸਿੰਘ ਅਤੇ 15 ਹੋਰ ਅਧਿਕਾਰੀਆਂ ਨੂੰ ਡਿਊਟੀ ਪ੍ਰਤੀ ਸ਼ਾਨਦਾਰ ਸਮਰਪਣ ਲਈ ਮੁੱਖ ਮੰਤਰੀ ਮੈਡਲ ਪ੍ਰਦਾਨ ਕੀਤਾ ਜਾਵੇਗਾ ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਹੋਸ਼ਿਆਰਪੁਰ ਜ਼ਿਲ੍ਹੇ ਵਿੱਚ ਸਲੇਰਨ ਡੈਮ ‘ਤੇ ਤਿਆਰ ਕੀਤੇ ਗਏ ਸਲੇਰਨ ਈਕੋ ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ ਕੀਤਾ । ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕੁਦਰਤੀ ਸੁੰਦਰਤਾ ਅਤੇ ਸੈਰ ਸਪਾਟੇ ਦੀ ਬਹੁਤ ਸੰਭਾਵਨਾ ਏ , ਜਿਸਨੂੰ ਵਰਤ ਕੇ ਆਰਥਿਕਤਾ ਨੂੰ ਮਜ਼ਬੂਤ ਕੀਤਾ ਜਾ ਰਿਹਾ ਏ । ਮੁੱਖ ਮੰਤਰੀ ਨੇ ਦੱਸਿਆ ਕਿ I BYTE:

--------------------------------------------------------------------------------

ਐਸ.ਏ.ਐਸ ਨਗਰ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਨੇ ਪੈਸਿਆਂ ਦਾ ਲੈਣ-ਦੇਣ ਕਰਨ ਵਾਲੇ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਇੱਕ ਅੰਤਰ-ਰਾਜੀ ਅਤੇ ਸਰਹੱਦ ਪਾਰੋਂ ਦਹਿਸ਼ਤਗਰਦੀ ਮਾਡਿਊਲ ਦੇ ਮੁੱਖ ਵਿੱਤੀ

ਲਿੰਕ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਇੱਕ ਇੰਟੈਲੀਜੈਂਸ-ਅਧਾਰਤ ਕਾਰਵਾਈ ਵਿੱਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਸੰਗਰੂਰ ਦੇ ਪਿੰਡ ਪੁੰਨੇਵਾਲ ਵਾਸੀ ਸਤਨਾਮ ਸਿੰਘ ਵਜੋਂ ਹੋਈ ਏ। ਸਤਨਾਮ ਸਿੰਘ ਪਹਿਲਾਂ ਇੱਕ ਨਿੱਜੀ ਕੰਪਨੀ ਵਿੱਚ ਟੈਕਸੀ ਡਰਾਈਵਰ ਵਜੋਂ ਕੰਮ ਕਰਦਾ ਸੀ ਅਤੇ ਪਿਛਲੇ ਸਾਲ ਜੂਨ ਵਿੱਚ ਟੂਰਿਸਟ ਵੀਜ਼ੇ 'ਤੇ ਅਜ਼ਰ-ਬਾਈਜਾਨ ਚਲਾ ਗਿਆ, ਜਿੱਥੇ ਉਹ ਪਾਕਿਸਤਾਨ ਅਧਾਰਤ ਨਸ਼ਾ ਤਸਕਰ ਦੇ ਸੰਪਰਕ ਵਿੱਚ ਆਇਆ। ਡੀਜੀਪੀ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫਤਾਰ ਦੋਸ਼ੀ ਸਤਨਾਮ ਸਿੰਘ ਨੇ ਪਾਕਿਸਤਾਨ ਅਧਾਰਤ ਡਰੱਗ ਤਸਕਰ ਦੇ ਇਸ਼ਾਰੇ 'ਤੇ ਕੰਮ ਕਰਦਿਆਂ ਹੈਰੋਇਨ ਤਸਕਰੀ ਦੀ ਕਮਾਈ ਨੂੰ ਜਾਣਬੁੱਝ ਕੇ ਆਪਣੇ ਬੈਂਕ ਖਾਤੇ ਅਤੇ ਯੂ.ਪੀ.ਆਈ ਵੇਰਵਿਆਂ ਦੀ ਵਰਤੋਂ ਕਰਕੇ ਦਹਿਸ਼ਤਗਰਦਾਂ ਲਈ ਸਹੂਲਤ ਕੀਤੀ। ਡੀਜੀਪੀ ਨੇ ਕਿਹਾ ਕਿ ਇਸ ਨੈੱਟਵਰਕ ਦਾ ਨਾਮ ਹੈਰੋਇਨ ਰਿਕਵਰੀ, ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਅਤੇ ਨਵੰਬਰ 2025 ਵਿੱਚ ਹਰਿਆਣਾ ਦੇ ਸਿਰਸਾ ਵਿੱਚ ਹੋਏ ਗ੍ਰਨੇਡ ਹਮਲੇ ਨਾਲ ਜੁੜਿਆ ਹੋਇਆ ਏ।

---

‘ਫਿਟ ਇੰਡੀਆ ਸੰਡੇਜ਼ ਆਨ ਸਾਈਕਲ’ ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਅੰਮ੍ਰਿਤਸਰ ਦੀ ਅਟਾਰੀ

ਸਰਹੱਦ ‘ਤੇ ‘ਫਿਟ ਇੰਡੀਆ ਸੰਡੇਜ਼ ਆਨ ਸਾਈਕਲ’ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਸਮਾਗਮ ਨੇ ਫਿਟਨੈਸ, ਲੋਕਤੰਤਰ ਅਤੇ ਦੇਸ਼ਭਗਤੀ ਦਾ ਸੰਦੇਸ਼ ਦਿੱਤਾ । ਸਰਹੱਦੀ ਖੇਤਰ ਤੋਂ ਸਾਈਕਲਿੰਗ ਦੀ ਸ਼ੁਰੂਆਤ ਰਾਸ਼ਟਰੀ ਏਕਤਾ ਅਤੇ ਦ੍ਰਿੜ ਨਿਸ਼ਚੇ ਦਾ ਪ੍ਰਤੀਕ ਬਣੀ । ਇਸ ਮੌਕੇ ਕੇਂਦਰੀ ਯੁਵਾ ਮਾਮਲੇ ਅਤੇ ਖੇਡਾਂ ਬਾਰੇ ਰਾਜ ਮੰਤਰੀ ਰਕਸ਼ਾ ਖਡਸੇ ਨੇ ਕਿਹਾ ਕਿ ਫਿਟ ਇੰਡੀਆ ਮੁਹਿੰਮ ਹੁਣ ਸਿਰਫ਼ ਇੱਕ ਸਰਕਾਰੀ ਯੋਜਨਾ ਨਹੀਂ ਰਹੀ, ਬਲਕਿ ਦੇਸ਼ ਦਾ ਇੱਕ ਵੱਡਾ ਅਤੇ ਮਜ਼ਬੂਤ ਜਨ ਅੰਦੋਲਨ ਬਣ ਚੁੱਕੀ ਏ । BYTE:

ਇਸ ਆਯੋਜਨ ਵਿੱਚ ਕੇਂਦਰੀ ਸਸ਼ਸਤ੍ਰ ਪੁਲਿਸ ਬਲ , ਬੀ.ਐਸ.ਐਫ ਦੇ ਜਵਾਨਾਂ, ਜ਼ਿਲ੍ਹਾ ਪ੍ਰਸ਼ਾਸਨ, ਖੇਡ ਵਿਭਾਗ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਸਾਈਕਲਿਸਟਾਂ ਨੇ ਹਿੱਸਾ ਲਿਆ।

---------------------------------------------------------------------------

ਭਾਰਤ ਅਤੇ ਨਿਊਜ਼ੀਲੈਂਡ ਵਿਚਕਾਰ ਪੰਜ Twenty-Twenty ਕ੍ਰਿਕੇਟ ਮੈਚਾਂ ਦੀ ਲੜੀ ਦਾ ਤੀਜਾ ਮੈਚ ਅੱਜ ਗੁਹਾਟੀ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤ ਲੜੀ ਵਿੱਚ 2-0 ਨਾਲ ਅੱਗੇ ਏ ਅਤੇ ਇਸ ਮੈਚ ਨੂੰ ਜਿੱਤ ਕੇ, ਲੜੀ ਆਪਣੇ ਨਾਂ ਕਰਨ ਦੀ ਕੋਸ਼ਿਸ਼ ਕਰੇਗਾ।

---------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ 'ਤੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ-ਦੇਸ਼ ਵਾਸੀਆਂ, ਖਾਸ ਕਰਕੇ ਸਨਅੱਤ ਅਤੇ ਸਟਾਰਟਅੱਪ ਉੱਦਮਾਂ ਵਿੱਚ ਲੱਗੇ ਨੌਜਵਾਨਾਂ ਨੂੰ ਗੁਣਵੱਤਾ 'ਤੇ ਜ਼ੋਰ ਦੇਣ ਦੀ ਕੀਤੀ ਅਪੀਲ ।

- ਰਾਸ਼ਟਰਪਤੀ ਦ੍ਰੋਪਦੀ ਮੁਰਮੂ 77ਵੇਂ ਗਣਤੰਤਰ ਦਿਵਸ ਤੋਂ ਪਹਿਲਾਂ ਦੀ ਸ਼ਾਮ, ਹੁਣ ਤੋਂ ਥੋੜੀ ਦੇਰ ਬਾਅਦ ਰਾਸ਼ਟਰ ਨੂੰ ਸੰਬੋਧਨ ਕਰਨਗੇ।
- ਅੱਜ 16ਵੇਂ ਰਾਸ਼ਟਰੀ ਵੋਟਰ ਦਿਵਸ ਮੌਕੇ, ਪੰਜਾਬ ਭਰ ਵਿਚ ਵੱਖ-ਵੱਖ ਵੋਟਰ ਜਾਗਰੂਕਤਾ ਗਤੀਵਿਧੀਆਂ ਦਾ ਆਯੋਜਨ I
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਸਲੇਰਨ ਈਕੋ ਟੂਰਿਜ਼ਮ ਪ੍ਰੋਜੈਕਟ ਦਾ ਉਦਘਾਟਨ ।
- ਕੇਂਦਰੀ ਗ੍ਰਹਿ ਮੰਤਰਾਲੇ ਵਲੋਂ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਹੋਣ ਵਾਲੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ।

- ਭਾਰਤੀ ਖੇਡ ਅਥਾਰਟੀ ਅਤੇ BSF ਵਲੋਂ ਅੱਜ ਅੰਮ੍ਰਿਤਸਰ ਦੀ ਅਟਾਰੀ ਸਰਹੱਦ 'ਤੇ, Fit India Sundays on Cycle ਦਾ ਆਯੋਜਨ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**